# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 22-06-2024**

ਮੁਕਾਬਲੇ ਦੀਆਂ ਪ੍ਰੀਖਿਆਵਾਂ ਦੇ ਪ੍ਰਸ਼ਨ-ਪੱਤਰ ਲੀਕ ਹੋਣ ਦੇ ਮਾਮਲਿਆਂ ਨੂੰ ਸਖ਼ਤੀ ਨਾਲ ਰੋਕਣ ਲਈ ਬੀਤੀ ਰਾਤ ਤੋਂ ਪੇਪਰ ਲੀਕ ਹੋਣ ਨੂੰ ਰੋਕਣ ਬਾਰੇ ਕਾਨੂੰਨ ਲਾਗੂ ਕਰ ਦਿੱਤਾ ਗਿਆ ਏ । ਇਹ ਕਾਨੂੰਨ ਇਸ ਸਾਲ ਫਰਵਰੀ ਵਿੱਚ ਪਾਸ ਕੀਤਾ ਗਿਆ ਸੀ। ਸਰਕਾਰ ਨੇ ਬੀਤੀ ਰਾਤ ਇਸਦਾ ਨੋਟੀਫਿਕੇਸ਼ਨ ਜਾਰੀ ਕੀਤਾ । ਇਸਨੂੰ 'ਪਬਲਿਕ ਐਗਜ਼ਾਮੀਨੇਸ਼ਨ ਐਕਟ 2024' ਦਾ ਨਾਂ ਦਿੱਤਾ ਗਿਆ ਏ। ਇਸਦੇ ਲਾਗੂ ਹੋਣ ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਅਣੁਚਿਤ ਸਾਧਨਾਂ ਦੀ ਵਰਤੋਂ ਕਰਨ ਲਈ ਤਿੰਨ ਤੋਂ ਪੰਜ ਸਾਲ ਦੀ ਕੈਦ ਅਤੇ 10 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਏ । ਸੰਗਠਿਤ ਤਰੀਕੇ ਨਾਲ ਅਜਿਹਾ ਅਪਰਾਧ ਕਰਨ 'ਤੇ 1 ਕਰੋੜ ਰੁਪਏ ਤੱਕ ਦੇ ਜੁਰਮਾਨੇ ਦਾ ਪ੍ਰਬੰਧ ਏ।

---------------------------------------------------------

ਆਕਾਸ਼ਵਾਣੀ ਖਬਰਾਂ ਨੂੰ ਭਾਰਤ ਵਿੱਚ ਖਬਰਾਂ ਦੇ ਸਭ ਤੋਂ ਭਰੋਸੇਮੰਦ ਬ੍ਰਾਂਡਾਂ ਵਿੱਚੋਂ ਇੱਕ ਵਜੋਂ ਮਾਨਤਾ ਦਿੱਤੀ ਗਈ ਏ । ਆਕਸਫੋਰਡ ਯੂਨੀਵਰਸਿਟੀ ਦੇ ਰਾਇਟਰਜ਼ ਇੰਸਟੀਚਿਊਟ ਫਾਰ ਦ ਸਟੱਡੀ ਆਫ਼ ਜਰਨਲਿਜ਼ਮ, ਵਲੋਂ ਕਰਵਾਏ ਗਏ ਇੱਕ ਤਾਜ਼ਾ ਸਰਵੇਖਣ ਨੇ ਦੇਸ਼ ਦੇ ਮੀਡੀਆ ਪਰਿਪੇਖ ਵਿੱਚ ਆਕਾਸ਼ਵਾਣੀ ਖਬਰਾਂ ਦੀ ਪ੍ਰਮੁੱਖ ਸਥਿਤੀ ਦੀ ਪੁਸ਼ਟੀ ਕੀਤੀ ਏ । ਡਿਜੀਟਲ ਨਿਊਜ਼ ਰਿਪੋਰਟ 2024 ਦੇ ਹਿੱਸੇ ਵਜੋਂ ਜਾਰੀ ਇਸ ਸਲਾਨਾ ਪ੍ਰਕਾਸ਼ਨ ਨੇ ਖੁਲਾਸਾ ਕੀਤਾ ਏ ਕਿ ਆਕਾਸ਼ਵਾਣੀ ਖਬਰਾਂ ਨੂੰ ਦੇਸ਼ ਦੇ ਹੋਰ ਪ੍ਰਮੁੱਖ ਮੀਡੀਆ ਅਦਾਰਿਆਂ ਨਾਲੋਂ ਕਾਫ਼ੀ ਵੱਧ ਟਰੱਸਟ ਸਕੋਰ ਮਿਲਿਆ ਏ । ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਕੁਮਾਰ ਸਹਿਗਲ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਪ੍ਰਤੀਕਿਰਿਆ ਜ਼ਾਹਰ ਕਰਦਿਆਂ ਇਸ ਨੂੰ ਹਰ ਹਾਲਤ ਵਿਚ ਸੱਚਾਈ ਦਾ ਪ੍ਰਸਾਰਣ ਕਰਨ ਲਈ ਆਕਾਸ਼ਵਾਣੀ ਖਬਰਾਂ ਦੀ ਅਟੁੱਟ ਵਚਨਬੱਧਤਾ ਦੀ ਪ੍ਰਮਾਣਿਕਤਾ ਦੱਸਿਆ ਏ ।

-----------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਇੱਕ ਗੋਦਾਮ ’ਤੇ ਛਾਪੇਮਾਰੀ ਕਰਕੇ 1 ਕਰੋੜ 55 ਲੱਖ ਰੁਪਏ ਦੇ ਵੱਡੇ ਗ਼ਬਨ ਦਾ ਪਰਦਾਫਾਸ਼ ਕਰਦਿਆਂ ਚੌਲਾਂ ਦੀਆਂ 1,138 ਬੋਰੀਆਂ ਨਾਲ ਲੱਦੇ 2 ਟਰੱਕ ਜ਼ਬਤ ਕੀਤੇ ਨੇ। ਇਸ ਸਬੰਧੀ ਵਿਜੀਲੈਂਸ ਬਿਊਰੋ ਨੇ ਸ਼ਿਵ ਸ਼ਕਤੀ ਰਾਈਸ ਮਿੱਲ, ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਦੇ ਮਾਲਕ ਗੋਪਾਲ ਗੋਇਲ ਸਣੇ ਦੋ ਟਰੱਕ ਡਰਾਈਵਰਾਂ ਜਗਪਾਲ ਸਿੰਘ ਅਤੇ ਸੁਖਵਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਏ। ਚੰਡੀਗੜ੍ਹ ਵਿਚ ਇਹ ਜਾਣਕਾਰੀ ਦਿੰਦੇ ਹੋਏ ਬਿਊਰੋ ਦੇ ਇਕ ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿੱਚ ਕੇਸ ਦਰਜ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਭਵਿੱਖ ਦੀ ਜਾਂਚ ਦੌਰਾਨ ਭਾਰਤੀ ਖੁਰਾਕ ਨਿਗਮ ਦੇ ਸਬੰਧਤ ਅਧਿਕਾਰੀਆਂ ਤੇ ਮੁਲਾਜ਼ਮਾਂ ਤੋਂ ਇਲਾਵਾ ਗਲੋਬਲ ਵੇਅਰਹਾਊਸ ਦੇ ਅਧਿਕਾਰੀਆਂ/ਮੁਲਾਜ਼ਮਾਂ ਤੇ /ਨਿਗਰਾਨਾਂ ਦੀ ਭੂਮਿਕਾ ਵੀ ਵਿਚਾਰੀ ਜਾਵੇਗੀ।

-----------------------------------------------------------

ਕੇਂਦਰ ਸਰਕਾਰ ਵਲੋਂ 14 ਫਸਲਾਂ ਦੇ MSP ਵਿਚ ਕੀਤੇ ਵਾਧੇ ਦਾ ਅੰਮ੍ਰਿਤਸਰ ਅਤੇ ਫਰੀਦਕੋਟ ਜ਼ਿਲਿਆਂ ਦੇ ਕਿਸਾਨਾਂ ਨੇ ਭਰਵਾਂ ਸਵਾਗਤ ਕੀਤਾ ਏ। ਇਸ ਫੈਸਲੇ ਲਈ ਉਨਾਂ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ।

-----------------------------------------------------------

ਡੇਅਰੀ ਵਿਕਾਸ ਵਿਭਾਗ ਬਠਿੰਡਾ ਦੇ ਡਿਪਟੀ ਡਾਇਰੈਕਟਰ ਨਿਰਵੈਰ ਸਿੰਘ ਬਰਾੜ ਨੇ ਕਿਹਾ ਏ ਕਿ ਪਸ਼ੂਆਂ ਨੂੰ ਹੋਣ ਵਾਲੀਆਂ ਬਿਮਾਰੀਆਂ ਮੂੰਹ ਖੁਰ, ਲੰਪੀ ਸਕਿਨ, ਗਲਘੋਟੂ ਆਦਿ ਕਾਰਨ ਕਈ ਵਾਰ ਪਸ਼ੂਆਂ ਦੀ ਮੌਤ ਹੋਣ ਤੇ ਆਰਥਿਕ ਨੁਕਸਾਨ ਨੂੰ ਘੱਟ ਕਰਨ ਲਈ ਵਿਭਾਗ ਵੱਲੋਂ ਕੌਮੀ ਪਸ਼ੂ-ਧਨ ਮਿਸ਼ਨ ਸਕੀਮ ਅਧੀਨ ਪਸ਼ੂਆਂ ਮੱਝਾਂ ਤੇ ਗਾਵਾਂ ਦੇ ਬੀਮੇ ਦੀ ਰਕਮ ਤੇ ਅਨੁਸੂਚਿਤ ਜਾਤੀ ਲਾਭਪਾਤਰੀਆਂ ਨੂੰ 70 ਫੀਸਦੀ ਸਬਸਿਡੀ ਅਤੇ ਜਨਰਲ ਜਾਤੀ ਲਾਭਪਾਤਰੀਆਂ ਨੂੰ 50 ਫੀਸਦੀ ਸਬਸਿਡੀ ਦਿੱਤੀ ਜਾ ਰਹੀ ਏ। ਇਹ ਸਕੀਮ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦੀ ਇਕ ਸਾਂਝੀ ਸਕੀਮ ਏ। ਇਹ ਸਕੀਮ ਪ੍ਰਤੀ ਪਰਿਵਾਰ 1 ਤੋਂ 5 ਪਸ਼ੂਆਂ

ਤੱਕ ਹੀ ਉਪਲਬਧ ਏ ਜਿਸ ਵਿੱਚ ਪਸ਼ੂ ਦੀ ਕੀਮਤ 70 ਹਜ਼ਾਰ ਰੁਪਏ ਨਿਰਧਾਰਿਤ ਕੀਤੀ ਗਈ ਏ ।

-----------------------------------------------------------

ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਅਤੇ ਸੰਗਤਾਂ ਵਲੋਂ ਉਤਸ਼ਾਹ ਨਾਲ ਮਨਾਇਆ ਗਿਆ । ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੀ ਵਿਸ਼ੇਸ਼ ਤੌਰ ’ਤੇ ਸ਼ਾਮਿਲ ਹੋਏ । ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ । ਬਾਅਦ ਵਿਚ ਮੀਡੀਆ ਨਾਲ ਗੱਲਬਾਤ ਕਰਦਿਆਂ ਹਰਜਿੰਦਰ ਸਿੰਘ ਧਾਮੀ ਨੇ ਵੀ ਸੰਗਤਾਂ ਨੂੰ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ । ਰਾਤ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਦੀਪਮਾਲਾ ਕੀਤੀ ਜਾਵੇਗੀ । ਇਸ ਤੋਂ ਇਲਾਵਾ ਗੁਰਦੁਆਰਾ ਸ੍ਰੀ ਬਿਬੇਕਸਰ ਸਾਹਿਬ ਅਤੇ ਗੁਰਦੁਆਰਾ ਜਨਮ

ਅਸਥਾਨ ਪਾਤਸ਼ਾਹੀ ਛੇਵੀਂ ਗੁਰੂ ਕੀ ਵਡਾਲੀ ਵਿਖੇ ਵੀ ਸਾਰਾ ਦਿਨ ਧਾਰਮਿਕ ਦੀਵਾਨ ਸਜਾਏ ਜਾ ਰਹੇ ਨੇ ।

-------------------------------------------------------------------

ਭਕਤ ਕਬੀਰ ਜੀ ਦੀ ਜਯੰਤੀ ਅੱਜ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਏ । ਕਬੀਰ ਪੰਥੀ ਭਾਈਚਾਰੇ ਦੇ ਲੋਕ ਭਕਤ ਕਬੀਰ ਜੀ ਦੇ ਧਾਰਮਿਕ ਸਥਾਨਾਂ ਤੇ ਨਤ ਮਸਤਕ ਹੋ ਰਹੇ ਨੇ । ਏਧਰ ਜਲੰਧਰ ਵਿੱਚ ਕਬੀਰ ਜਯੰਤੀ ਦੇ ਸੰਬੰਧ ਵਿੱਚ ਕਲ ਸ਼ਾਮ ਇਕ ਸ਼ਾਨਦਾਰ ਸ਼ੋਭਾ ਯਾਤਰਾ ਸਜਾਈ ਗਈ। ਇਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ । ਭਕਤ ਕਬੀਰ ਜੀ ਦੇ ਜੀਵਨ ਨੂੰ ਦਰਸਾਉਂਦੀਆਂ ਝਾਂਕੀਆਂ ਆਮ ਲੋਕਾਂ ਦੀ ਖਿੱਚ ਦਾ ਕੇਂਦਰ ਬਣਿਆਂ ।